SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 205 | Thursday, November 09, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਜਲਦ ਹੀ ਹੋਰ ਕੈਨੇਡੀਅਨ ਛੱਡਣਗੇ ਗਾਜ਼ਾ



ਓਟਵਾ, 8 ਨਵੰਬਰ (ਪੋਸਟ ਬਿਊਰੋ) : ਗਾਜ਼ਾ ਦੀ ਜਨਰਲ ਅਥਾਰਟੀ ਆਫ ਕਰੌਸਿੰਗਜ਼ ਐਂਡ ਬਾਰਡਰਜ਼ ਵੱਲੋਂ ਪਬਲਿਸ਼ ਕੀਤੇ ਗਏ ਤਾਜ਼ਾ ਦਸਤਾਵੇਜ਼ ਵਿੱਚ ਹੋਰ ਕੈਨੇਡੀਅਨਜ਼ ਦੇ ਨਾਂ ਪ੍ਰਕਾਸ਼ਿਤ ਹੋਣ ਤੋਂ ਬਾਅਦ ਹੁਣ ਹੋਰ ਕੈਨੇਡੀਅਨਜ਼ ਜਲਦ ਹੀ ਗਾਜ਼ਾ ਛੱਡ ਸਕਣਗੇ।

ਬੁੱਧਵਾਰ ਨੂੰ ਕੈਨੇਡਾ ਹੈਡਿੰਗ ਦੇ ਨਾਂ ਹੇਠ 40 ਨਾਂ ਹੋਰ ਇਸ ਦਸਤਾਵੇਜ਼ ਵਿੱਚ ਪ੍ਰਕਾਸ਼ਿਤ ਹੋਏ। ਇਨ੍ਹਾਂ ਵਿੱਚੋਂ ਬਹੁਤਿਆਂ ਨਾਂਵਾਂ ਅੱਗੇ ਦੋਹਰੀ ਨਾਗਰਿਕਤਾ ਵੀ ਲਿਖਿਆ ਹੋਇਆ ਹੈ। ਇਸ ਸੂਚੀ ਵਿੱਚ ਹੋਰਨਾਂ ਮੁਲਕਾਂ ਵਿੱਚ ਜਰਮਨੀ, ਫਿਲੀਪੀਨਜ਼, ਯੂਕਰੇਨ, ਰੋਮਾਨੀਆ ਤੇ ਅਮਰੀਕਾ ਦੇ ਨਾਂ ਸ਼ਾਮਲ ਹਨ। ਕੈਨੇਡੀਅਨ ਸਰਕਾਰ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ ਕੈਨੇਡਾ ਨਾਲ ਸਬੰਧਤ 75 ਲੋਕ ਮੰਗਲਵਾਰ ਨੂੰ ਮਿਸਰ ਨਾਲ ਲੱਗਦੀ ਸਰਹੱਦ ਰਾਹੀ ਫਲਸਤੀਨੀ ਟੈਰੇਟਰੀ ਛੱਡ ਕੇ ਜਾ ਚੁੱਕੇ ਹਨ।

ਗਲੋਬਲ ਅਫੇਅਰਜ਼ ਕੈਨੇਡਾ ਦਾ ਕਹਿਣਾ ਹੈ ਕਿ ਅਜੇ ਇਹ ਸਪਸ਼ਟ ਨਹੀਂ ਕੀਤਾ ਜਾ ਸਕਦਾ ਕਿ ਕਿੰਨੇ ਲੋਕ ਰੋਜ਼ਾਨਾ ਸਰਹੱਦ ਪਾਰ ਕਰ ਰਹੇ ਹਨ ਕਿਉਂਕਿ ਹਾਲਾਤ ਹੀ ਬਹੁਤ ਅਣਕਿਆਸੇ ਬਣੇ ਹੋਏ ਹਨ। ਉਨ੍ਹਾਂ ਆਖਿਆ ਕਿ ਕੈਨੇਡੀਅਨ ਅਧਿਕਾਰੀ ਮਿਸਰ ਵਾਲੇ ਪਾਸੇ ਮੌਜੂਦ ਹਨ ਤੇ ਜਿਹੜੇ ਕੈਨੇਡੀਅਨ ਫਲਸਤੀਨ ਛੱਡ ਕੇ ਮਿਸਰ ਵੱਲ ਆਉਂਦੇ ਹਨ ਉਨ੍ਹਾਂ ਨੂੰ ਇਨ੍ਹਾਂ ਅਧਿਕਾਰੀਆਂ ਵੱਲੋਂ ਕਾਹਿਰਾ ਪਹੁੰਚਾਇਆ ਜਾਂਦਾ ਹੈ।

ਸੋਮਵਾਰ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਡਿਪਾਰਟਮੈਂਟ ਨੇ ਇਹ ਵੀ ਆਖਿਆ ਸੀ ਕਿ ਇਜ਼ਰਾਈਲੀ ਮਿਲਟਰੀ ਵੱਲੋਂ ਕੈਨੇਡਾ ਨੂੰ ਇਹ ਭਰੋਸਾ ਦਿਵਾਇਆ ਗਿਆ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਦੇ 400 ਨਾਗਰਿਕ ਸਰਹੱਦ ਪਾਰ ਕਰ ਲੈਣਗੇ।

## ਹੋਮ ਹੀਟਿੰਗ ਬਾਰੇ ਐਨਡੀਪੀ ਵੱਲੋਂ ਲਿਆਂਦਾ ਮਤਾ ਨਹੀਂ ਹੋ ਸਕਿਆ ਪਾਸ




ਓਟਵਾ, 8 ਨਵੰਬਰ (ਪੋਸਟ ਬਿਊਰੋ) : ਹਰ ਕਿਸਮ ਦੀ ਹੋਮ ਹੀਟਿੰਗ ਤੋਂ ਸਥਾਈ ਤੌਰ ਉੱਤੇ ਜੀਐਸਟੀ ਹਟਾਏ ਜਾਣ ਸਬੰਧੀ ਐਨਡੀਪੀ ਵੱਲੋਂ ਲਿਆਂਦਾ ਮਤਾ ਪਾਸ ਨਹੀਂ ਹੋ ਸਕਿਆ। ਹਾਊਸ ਆਫ ਕਾਮਨਜ਼ ਵਿੱਚ ਕਿਸੇ ਵੀ ਵੱਡੀ ਪਾਰਟੀ ਵੱਲੋਂ ਸਮਰਥਨ ਹਾਸਲ ਨਾ ਹੋਣ ਕਾਰਨ ਇਹ ਮਤਾ ਅਸਫਲ ਹੋ ਗਿਆ। ਬੁੱਧਵਾਰ ਦੁਪਹਿਰ ਨੂੰ ਇਹ ਮਤਾ 30 ਦੇ ਮੁਕਾਬਲੇ 292 ਵੋਟਾਂ ਨਾਲ ਹਾਰ ਗਿਆ। ਇਸ ਦਾ ਸਮਰਥਨ ਸਿਰਫ ਐਨਡੀਪੀ ਤੇ ਗ੍ਰੀਨ ਪਾਰਟੀ ਵੱਲੋਂ ਹੀ ਕੀਤਾ ਗਿਆ। ਸੋਮਵਾਰ ਨੂੰ ਕੰਜ਼ਰਵੇਟਿਵਾਂ ਵੱਲੋਂ ਵੀ ਇਸੇ ਤਰ੍ਹਾਂ ਦਾ ਮਤਾ ਪੇਸ਼ ਕੀਤਾ ਗਿਆ ਸੀ, ਜਿਸ ਵਿੱਚ ਆਖਿਆ ਗਿਆ ਸੀ ਕਿ ਹੋਮ ਹੀਟਿੰਗ ਆਇਲ ਤੋਂ ਇੱਕਠੀ ਕੀਤੀ ਜਾਣ ਵਾਲੀ ਕਾਰਬਨ ਪ੍ਰਾਈਸ ਉੱਤੇ ਲਾਈ ਗਈ ਰੋਕ ਵਾਂਗ ਹੀ ਹੋਮ ਹੀਟਿੰਗ ਦੀਆਂ ਸਾਰੀਆਂ ਕਿਸਮਾਂ ਉੱਤੇ ਕਾਰਬਨ ਪ੍ਰਾਈਸ ਵਸੂਲਣ ਉੱਤੇ ਤਿੰਨ ਸਾਲਾਂ ਲਈ ਰੋਕ ਲਾਈ ਜਾਵੇ। ਪਰ ਇਹ ਮਤਾ ਵੀ ਹਾਊਸ ਵਿੱਚ ਪਾਸ ਨਹੀਂ ਸੀ ਹੋ ਸਕਿਆ।

ਇੱਥੇ ਦੱਸਣਾ ਬਣਦਾ ਹੈ ਕਿ ਜੇ ਐਨਡੀਪੀ ਆਗੂ ਜਗਮੀਤ ਸਿੰਘ ਵੱਲੋਂ ਲਿਆਂਦਾ ਮਤਾ ਪਾਸ ਵੀ ਹੋ ਜਾਂਦਾ ਤਾਂ ਉਹ ਸਰਕਾਰ ਨੂੰ ਇਸ ਉੱਤੇ ਕਾਰਵਾਈ ਕਰਨ ਲਈ ਮਜਬੂਰ ਨਹੀਂ ਸੀ ਕਰ ਸਕਦਾ। ਐਨਡੀਪੀ ਚਾਹੁੰਦੀ ਸੀ ਕਿ ਸਰਕਾਰ ਹੇਠ ਲਿਖੇ ਨੁਕਤੇ ਅਪਣਾਵੇ :

- ਹੋਮ ਹੀਟਿੰਗ ਦੀਆਂ ਸਾਰੀਆਂ ਕਿਸਮਾਂ ਤੋਂ ਜੀਐਸਟੀ ਹਟਾ ਲਈ ਜਾਵੇ
- ਐਨਰਜੀ ਸਰੋਤ ਕੋਈ ਵੀ ਹੋਵੇ ਉਸ ਦੇ ਬਾਵਜੂਦ ਘੱਟ ਆਮਦਨ ਤੇ ਮੱਧ ਵਰਗ ਕੈਨੇਡੀਅਨਜ਼ ਲਈ ਈਕੋਐਨਰਜੀ ਰੈਟਰੋਫਿੱਟਸ ਤੇ ਹੀਟ ਪੰਪਸ ਨੂੰ ਮੁਫਤ ਤੇ ਪਹੁੰਚ ਵਿੱਚ ਲਿਆਂਦਾ ਜਾਵੇ
- ਵੱਡੀਆਂ ਤੇਲ ਤੇ ਗੈਸ ਕਾਰਪੋਰੇਸ਼ਨਾਂ ਦੇ ਮੁਨਾਫਿਆਂ ਉੱਤੇ ਟੈਕਸ ਲਾ ਕੇ ਇਨ੍ਹਾਂ ਪ੍ਰੋਜੈਕਟਾਂ ਨੂੰ ਫਾਇਨਾਂਸ ਕੀਤਾ ਜਾਵੇ।

## ਗੱਡੀ ਵਿੱਚੋਂ ਮਿਲੀ 20,000 ਡਾਲਰ ਦੀ ਫੈਂਟਾਨਿਲ, ਇੱਕ ਗ੍ਰਿਫਤਾਰ



ਟੋਰਾਂਟੋ, 8 ਨਵੰਬਰ (ਪੋਸਟ ਬਿਊਰੋ) : ਮੰਗਲਵਾਰ ਨੂੰ ਨਾਇਗਰਾ ਏਰੀਆ ਵਿੱਚ ਇੱਕ ਗੱਡੀ ਵਿੱਚੋਂ 20,000 ਡਾਲਰ ਮੁੱਲ ਦੀ ਫੈਂਟਾਨਿਲ ਮਿਲਣ ਤੋਂ ਬਾਅਦ ਟੋਰਾਂਟੋ ਦੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਨਾਇਗਰਾ ਰੀਜਨਲ ਪੁਲਿਸ ਸਰਵਿਸ (ਐਨਆਰਪੀਐਸ) ਵੱਲੋਂ ਬੁੱਧਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਆਖਿਆ ਗਿਆ ਕਿ ਇਹ ਗ੍ਰਿਫਤਾਰੀ ਮੰਗਲਵਾਰ ਨੂੰ ਉਸ ਸਮੇਂ ਕੀਤੀ ਗਈ ਜਦੋਂ ਗਸ਼ਤ ਕਰਦੇ ਹੋਏ ਇੱਕ ਪੁਲਿਸ ਅਧਿਕਾਰੀ ਨੇ ਕਿੰਗ ਸਟਰੀਟ ਉੱਤੇ ਚਿੱਟੇ ਰੰਗ ਦੀ ਹਿਊਂਡਾਇ ਏਲਾਂਤਰਾ ਨੂੰ ਰੋਕਿਆ। ਰਲੀਜ਼ ਵਿੱਚ ਆਖਿਆ ਗਿਆ ਕਿ ਗੱਡੀ ਵਿੱਚੋਂ ਬਾਹਰ ਨਿਕਲ ਕੇ ਡਰਾਈਵਰ ਪੁਲਿਸ ਅਧਿਕਾਰੀ ਨਾਲ ਬਹਿਸਣ ਲੱਗਿਆ। ਗੱਡੀ ਵਿੱਚ ਸਵਾਰ ਵਿਅਕਤੀ ਆਪਣੀ ਪਛਾਣ ਸਬੰਧੀ ਕੋਈ ਦਸਤਾਵੇਜ਼ ਵੀ ਮੁਹੱਈਆ ਨਹੀਂ ਕਰਵਾ ਸਕਿਆ ਸਗੋਂ ਉਸ ਵੱਲੋਂ ਜ਼ੁਬਾਨੀ ਹੀ ਆਪਣਾ ਨਾਂ ਦੱਸਿਆ ਗਿਆ।

ਪੁਲਿਸ ਨੇ ਦੋਸ਼ ਲਾਇਆ ਕਿ ਜਦੋਂ ਇਸ ਦੱਸੇ ਗਏ ਨਾਂ ਨੂੰ ਸਿਸਟਮ ਵਿੱਚ ਪਾਇਆ ਗਿਆ ਤਾਂ ਟਰਾਂਸਪੋਰਟੇਸ਼ਨ ਮੰਤਰਾਲੇ ਦੇ ਡਾਟਾ-ਬੇਸ ਵਿੱਚ ਉਸ ਨਾਂ ਨਾਲ ਮਿਲਦਾ ਜੁਲਦਾ ਕੋਈ ਨਾਂ ਸਾਹਮਣੇ ਨਹੀਂ ਆਇਆ। ਇਸ ਤੋਂ ਬਾਅਦ ਇਟੋਬੀਕੋ ਵਾਸੀ 35 ਸਾਲਾ ਜਾਮਾ ਨਸੀਰ ਨੂੰ ਗ੍ਰਿਫਤਾਰ ਕਰ ਲਿਆ ਗਿਆ। ਪੁਲਿਸ ਨੇ ਨਸੀਰ ਦੀ ਗੱਡੀ ਦੀ ਤਲਾਸ਼ੀ ਲਈ ਤੇ ਉਸ ਵਿੱਚੋਂ ਉਨ੍ਹਾਂ ਨੂੰ 103 ਗ੍ਰਾਮ ਫੈਂਟਾਨਿਲ ਬਰਾਮਦ ਹੋਈ, ਜਿਸ ਦੀ ਬਾਜ਼ਾਰ ਵਿੱਚ ਕੀਮਤ 20,000 ਡਾਲਰ ਦੱਸੀ ਜਾਂਦੀ ਹੈ।

## ਜੀਟੀਏ ਦੇ ਕਈ ਹਿੱਸਿਆਂ ਵਿੱਚ ਪੈ ਸਕਦਾ ਹੈ ਬਰਫੀਲਾ ਮੀਂਹ



ਟੋਰਾਂਟੋ, 7 ਨਵੰਬਰ (ਪੋਸਟ ਬਿਊਰੋ) : ਐਨਵਾਇਰਮੈਂਟ ਕੈਨੇਡਾ ਵੱਲੋਂ ਜੀਟੀਏ ਦੇ ਕਈ ਹਿੱਸਿਆਂ ਵਿੱਚ ਹੱਢ ਜਮਾ ਦੇਣ ਵਾਲਾ ਮੀਂਹ ਪੈਣ ਦੀ ਪੇਸ਼ੀਨਿਗੋਈ ਕੀਤੀ ਗਈ ਹੈ। ਇਸ ਦੇ ਨਾਲ ਹੀ ਬੁੱਧਵਾਰ ਦੁਪਹਿਰ ਨੂੰ ਬਰਫਬਾਰੀ ਹੋਣ ਦੀ ਚੇਤਾਵਨੀ ਵੀ ਦਿੱਤੀ ਗਈ ਹੈ।

ਇਹ ਐਡਵਾਈਜ਼ਰੀ ਨਿਊਮਾਰਕਿਟ, ਜੌਰਜੀਨਾ, ਨੌਰਦਰਨ ਯੌਰਕ ਰੀਜਨ, ਕੇਲਡਨ, ਹਾਲਟਨ ਹਿੱਲਜ਼ ਤੇ ਮਿਲਟਨ ਲਈ ਜਾਰੀ ਕੀਤੀ ਗਈ ਹੈ। ਇਸ ਦੇ ਨਾਲ ਹੀ ਅਕਸਬ੍ਰਿੱਜ, ਬੈਵਰਟਨ ਤੇ ਉੱਤਰੀ ਦਰਹਾਮ ਰੀਜਨ ਵੀ ਸਪੈਸ਼ਲ ਵੈਦਰ ਸਟੇਟਮੈਂਟ ਹੇਠ ਹੈ। ਇਸ ਵੈਦਰ ਸਟੇਟਮੈਂਟ ਵਿੱਚ ਆਖਿਆ ਗਿਆ ਹੈ ਕਿ ਘੱਟ ਦਬਾਅ ਵਾਲੇ ਪ੍ਰੈਸ਼ਰ ਕਾਰਨ ਬਰਫਬਾਰੀ ਹੋਣ ਦੀ ਸੰਭਾਵਨਾ ਬਣੀ ਹੈ ਤੇ ਇਸੇ ਕਾਰਨ ਹੀ ਹੱਢ ਜਮਾ ਦੇਣ ਵਾਲਾ ਮੀਂਹ ਪੈ ਸਕਦਾ ਹੈ। ਬਰਫੀਲਾ ਮੀਂਹ ਬੁੱਧਵਾਰ ਦੁਪਹਿਰ ਨੂੰ ਸ਼ੁਰੂ ਹੋ ਸਕਦਾ ਹੈ ਤੇ ਹੌਲੀ ਹੌਲੀ ਬੁੱਧਵਾਰ ਸ਼ਾਮ ਤੱਕ ਇਹ ਮੀਂਹ ਵਿੱਚ ਬਦਲ ਸਕਦਾ ਹੈ।

ਹਾਲਾਂਕਿ ਟੋਰਾਂਟੋ ਵਿੱਚ ਇਹ ਵੈਦਰ ਐਡਵਾਈਜ਼ਰੀ ਜਾਰੀ ਨਹੀਂ ਕੀਤੀ ਗਈ ਹੈ ਪਰ ਉੱਥੇ ਵੀ ਮੌਸਮ ਸਰਦ ਹੋਣ ਦੀ ਸੰਭਾਵਨਾ ਹੈ।ਅੱਜ ਟੋਰਾਂਟੋ ਵਿੱਚ ਤਾਪਮਾਨ 2 ਡਿਗਰੀ ਸੈਲਸੀਅਸ ਰਹਿ ਸਕਦਾ ਹੈ।

## ਇੱਕ ਵਿਅਕਤੀ ਨੂੰ ਗੋਲੀ ਮਾਰਨ ਤੋਂ ਬਾਅਦ ਮਸ਼ਕੂਕ ਫਰਾਰ




ਮਿਸੀਸਾਗਾ, 8 ਨਵੰਬਰ (ਪੋਸਟ ਬਿਊਰੋ) : ਬੁੱਧਵਾਰ ਦੁਪਹਿਰ ਨੂੰ ਮਿਸੀਸਾਗਾ ਵਿੱਚ ਇੱਕ ਵਿਅਕਤੀ ਨੂੰ ਗੋਲੀ ਮਾਰੇ ਜਾਣ ਤੋਂ ਬਾਅਦ ਮਸ਼ਕੂਕ ਫਰਾਰ ਹੋ ਗਿਆ। ਇਹ ਮਸ਼ਕੂਕ ਅਜੇ ਤੱਕ ਵੀ ਫੜ੍ਹਿਆ ਨਹੀਂ ਗਿਆ ਹੈ।

ਸ਼ੂਟਿੰਗ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਦੁਪਹਿਰੇ 2:05 ਦੇ ਨੇੜੇ ਤੇੜੇ 5200 ਕ੍ਰੀਕਬੈਂਕ ਰੋਡ ਉੱਤੇ ਪੁਲਿਸ ਨੂੰ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਦੋ ਵਿਅਕਤੀਆਂ ਵਿੱਚ ਤੂੰ ਤੂੰ ਮੈਂ ਮੈਂ ਹੋਣ ਤੋਂ ਬਾਅਦ ਹੀ ਇੱਕ ਨੇ ਦੂਜੇ ਨੂੰ ਗੋਲੀ ਮਾਰ ਦਿੱਤੀ। ਇਹ ਸਪਸ਼ਟ ਨਹੀਂ ਹੋ ਸਕਿਆ ਕਿ ਬਹਿਸ ਕਿਸ ਗੱਲ ਨੂੰ ਲੈ ਕੇ ਹੋਈ।

ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਪੁਲਿਸ ਦਾ ਕਹਿਣਾ ਹੈ ਕਿ ਇਸ ਘਟਨਾ ਕਾਰਨ ਜਨਤਾ ਨੂੰ ਕੋਈ ਖਤਰਾ ਨਹੀਂ ਹੈ। ਜਾਂਚ ਲਈ ਕ੍ਰੀਕਬੈਂਕ ਰੋਡ ਨੂੰ ਏਮਕੋਬੁਲੇਵਾਰਡ ਤੇ ਮੈਥਸਨ ਬੁਲੇਵਾਰਡ ਉੱਤੇ ਬੰਦ ਕੀਤਾ ਗਿਆ ਹੈ।

## ਪਾਰਕਿੰਗ ਗੈਰਾਜ ਵਿੱਚ ਚੱਲੀ ਗੋਲੀ, ਇੱਕ ਜ਼ਖ਼ਮੀ



ਟੋਰਾਂਟੋ, 8 ਨਵੰਬਰ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਇੱਕ ਇੰਡੋਰ ਪਾਰਕਿੰਗ ਗੈਰਾਜ ਵਿੱਚ ਚੱਲੀ ਗੋਲੀ ਦੀ ਘਟਨਾ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮੀਂ 7:17 ਵਜੇ ਦੇ ਨੇੜੇ ਤੇੜੇ ਯੰਗ ਸਟਰੀਟ ਨੇੜੇ ਗੇਰਾਰਡ ਸਟਰੀਟ ਈਸਟ ਉੱਤੇ ਸਥਿਤ ਔਰਾ ਬਿਲਡਿੰਗ ਦੇ ਗੈਰਾਜ ਵਿੱਚ ਚੱਲੀ ਗੋਲੀ ਦੀ ਖਬਰ ਦੇ ਕੇ ਸੱਦਿਆ ਗਿਆ।

ਪੁਲਿਸ ਨੇ ਦੱਸਿਆ ਕਿ ਪੈਰਾਮੈਡਿਕਸ ਵੀ ਮੌਕੇ ਉੱਤੇ ਪਹੁੰਚੇ ਪਰ ਜਿਹੜਾ ਵਿਅਕਤੀ ਜ਼ਖ਼ਮੀ ਹੋਇਆ ਹੈ ਉਸ ਬਾਰੇ ਅਜੇ ਵਧੇਰੇ ਜਾਣਕਾਰੀ ਹਾਸਲ ਨਹੀਂ ਹੋ ਸਕੀ। ਕਿਸੇ ਮਸ਼ਕੂਕ ਸਬੰਧੀ ਕੋਈ ਵੇਰਵਾ ਵੀ ਜਾਰੀ ਨਹੀਂ ਕੀਤਾ ਗਿਆ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਆਸਟ੍ਰੇਲੀਆ ਵਿਚ ਕਾਰ ਦੀ ਟੱਕਰ ਨਾਲ ਭਾਰਤੀ ਮੂਲ ਦੇ ਪਰਿਵਾਰ ਦੇ ਦੋ ਬੱਚਿਆਂ ਸਮੇਤ ਪੰਜ ਦੀ ਮੌਤ

### ਦੋ ਪਰਿਵਾਰ ਇੱਕ ਬਾਹਰੀ ਪੱਬ ਵਿੱਚ ਗਏ ਸੀ ਡਿਨਰ ਕਰਨ



ਮੈਲਬੌਰਨ, 8 ਨਵੰਬਰ (ਪੋਸਟ ਬਿਊਰੋ): ਆਸਟ੍ਰੇਲੀਆ ਵਿਚ ਐਤਵਾਰ ਨੂੰ ਵਾਪਰੇ ਇੱਕ ਹਾਦਸੇ ਵਿਚ ਭਾਰਤੀ ਮੂਲ ਦੇ ਦੋ ਪਰਿਵਾਰਾਂ ਦੇ ਪੰਜ ਲੋਕਾਂ ਦੀ ਮੌਤ ਹੋ ਗਈ। ਇਨ੍ਹਾਂ ਵਿੱਚ ਦੋ ਬੱਚੇ ਵੀ ਸ਼ਾਮਿਲ ਹਨ। ਇਹ ਖਬਰ ਬੁੱਧਵਾਰ ਨੂੰ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਉਦੋਂ ਵਾਪਰੀ ਜਦੋਂ ਭਾਰਤੀ ਮੂਲ ਦੇ ਦੋ ਪਰਿਵਾਰ ਵਿਕਟੋਰੀਆ ਦੇ ਇਕ ਆਊਟਡੋਰ ਪੱਬ ਵਿਚ ਡਿਨਰ ਕਰਨ ਪਹੁੰਚੇ।

ਇਸ ਦੌਰਾਨ ਇੱਕ ਐੱਸਯੂਵੀ ਨੇ ਆਪਣਾ ਸੰਤੁਲਨ ਗੁਆ ਦਿੱਤਾ ਅਤੇ ਰਾਤ ਦਾ ਖਾਣਾ ਖਾ ਰਹੇ ਲੋਕਾਂ ਨੂੰ ਟੱਕਰ ਮਾਰ ਦਿੱਤੀ। ਇੱਕ 66 ਸਾਲ ਦਾ ਵਿਅਕਤੀ ਕਾਰ ਚਲਾ ਰਿਹਾ ਸੀ। ਪੁਲਿਸ ਨੇ ਉਸ ਤੋਂ ਪੁੱਛਗਿੱਛ ਕੀਤੀ ਹੈ। ਹਾਲਾਂਕਿ ਉਸ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ।

ਵਿਵੇਕ ਭਾਟੀਆ (38), ਉਸਦਾ ਪੁੱਤਰ ਵਿਹਾਨ (11), ਪ੍ਰਤਿਭਾ ਸ਼ਰਮਾ (44), ਪ੍ਰਤਿਭਾ ਦੀ ਧੀ ਅਨਵੀ (9) ਅਤੇ ਉਸਦਾ ਸਾਥੀ ਜਤਿਨ ਚੁੱਘ (30) ਘਟਨਾ ਵਿੱਚ ਸ਼ਾਮਿਲ ਹਨ। ਇਹ ਸਾਰੇ ਲੋਕ ਰਾਇਲ ਡੇਲਸਫੋਰਡ ਹੋਟਲ ਦੇ ਲਾਅਨ 'ਚ ਡਿਨਰ ਕਰਨ ਆਏ ਸਨ।

ਪ੍ਰਤਿਭਾ ਅਤੇ ਉਸਦਾ ਪਰਿਵਾਰ ਇੱਥੇ ਭਾਟੀਆ ਅਤੇ ਉਸਦੇ ਪੁੱਤਰ ਨਾਲ ਛੁੱਟੀਆਂ ਮਨਾਉਣ ਆਇਆ ਸੀ। ਪ੍ਰਤਿਭਾ ਦੀ ਮੌਕੇ 'ਤੇ ਹੀ ਮੌਤ ਹੋ ਗਈ। ਵਿਵੇਕ ਦੀ ਪਤਨੀ ਰੁਚੀ ਅਤੇ ਦੂਜਾ ਬੇਟਾ ਅਬੀਰ ਹਸਪਤਾਲ 'ਚ ਦਾਖਲ ਹਨ। ਉਸ ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਅਬੀਰ ਦੀ ਹਾਲਤ ਪਹਿਲਾਂ ਬਹੁਤ ਗੰਭੀਰ ਦੱਸੀ ਜਾ ਰਹੀ ਸੀ।

ਘਟਨਾ ਵਿਚ ਕੁਝ ਹੋਰ ਲੋਕ ਜ਼ਖਮੀ ਹੋਏ ਹਨ। ਇਨ੍ਹਾਂ ਸਾਰਿਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਸ ਹਾਦਸੇ ਤੋਂ ਕੁਝ ਸਮਾਂ ਪਹਿਲਾਂ ਪ੍ਰਤਿਭਾ ਨੇ ਆਪਣੀ ਮਾਂ ਉਰਮਿਲਾ ਨਾਲ ਲੰਬੀ ਗੱਲਬਾਤ ਕੀਤੀ ਸੀ। ਉਸ ਦੇ ਪਿਤਾ ਵਿਕਾਸ ਨੇ ਕਿਹਾ ਕਿ ਉਹ ਬਹੁਤ ਖੁਸ਼ ਸੀ। ਲੰਬੇ ਸੰਘਰਸ਼ ਤੋਂ ਬਾਅਦ ਉਸ ਨੇ ਇਹ ਸਫਲਤਾ ਹਾਸਿਲ ਕੀਤੀ ਸੀ। ਉਹ ਇਕ ਵਾਰ ਸੰਸਦ ਦੀ ਚੋਣ ਵੀ ਲੜ ਚੁੱਕੇ ਹਨ। ਇਸ ਤੋਂ ਇਲਾਵਾ, ਉਹ ਇੱਕ ਰਜਿਸਟਰਡ ਮਾਈਗ੍ਰੇਸ਼ਨ ਏਜੰਟ ਅਤੇ ਵਕੀਲ ਸੀ।

# ਫਲਸਤੀਨੀ ਨੌਜਵਾਨ ਨੇ ਇਜ਼ਰਾਈਲੀ ਮਹਿਲਾ ਸਿਪਾਹੀ ਦੇ ਮਾਰਿਆ ਚਾਕੂ, ਮੌਤ



ਤਲਅਵੀਵ, 8 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ-ਹਮਾਸ ਯੁੱਧ ਦੇ ਵਿਚਕਾਰ, ਇੱਕ 16 ਸਾਲਾ ਫਲਸਤੀਨੀ ਲੜਕੇ ਨੇ ਇੱਕ ਇਜ਼ਰਾਈਲੀ ਮਹਿਲਾ ਸੈਨਿਕ ਨੂੰ ਚਾਕੂ ਮਾਰ ਦਿੱਤਾ। ਇਸ ਹਮਲੇ ਵਿੱਚ 20 ਸਾਲਾ ਏਲੀਸ਼ੇਵਾ ਰੋਜ਼ ਇਡਾ ਲੁਬਿਨ ਦੀ ਮੌਤ ਹੋ ਗਈ। ਉਹ ਮੂਲ ਰੂਪ ਵਿੱਚ ਜਾਰਜੀਆ, ਅਮਰੀਕਾ ਦੀ ਰਹਿਣ ਵਾਲੀ ਸੀ।

ਜਦੋਂ ਹਮਲਾ ਹੋਇਆ ਤਾਂ ਲੁਬਿਨ ਦੋ ਹੋਰ ਸਿਪਾਹੀਆਂ ਨਾਲ ਯਰੂਸ਼ਲਮ ਵਿੱਚ ਗਸ਼ਤ ਕਰ ਰਹੀ ਸੀ। ਜਾਣਕਾਰੀ ਮੁਤਾਬਕ 6 ਨਵੰਬਰ ਨੂੰ ਹੋਏ ਹਮਲੇ ਵਿਚ ਮਹਿਲਾ ਸਿਪਾਹੀ ਗੰਭੀਰ ਰੂਪ ਨਾਲ ਜ਼ਖਮੀ ਹੋ ਗਈ ਸੀ। ਇਕ ਹੋਰ ਜਵਾਨ ਵੀ ਜ਼ਖਮੀ ਹੋ ਗਿਆ। ਤੀਜੇ ਸਿਪਾਹੀ ਨੇ ਦੋਸ਼ੀ ਲੜਕੇ ਨੂੰ ਫੜ੍ਹਨ ਦੀ ਕੋਸ਼ਿਸ਼ ਕੀਤੀ, ਪਰ ਉਹ ਭੱਜ ਗਿਆ। ਦੋਵੇਂ ਜ਼ਖਮੀ ਫੌਜੀਆਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਮਹਿਲਾ ਸਿਪਾਹੀ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਹਮਲੇ ਤੋਂ ਬਾਅਦ ਇਜ਼ਰਾਇਲੀ ਰੱਖਿਆ ਬਲ ਨੇ ਯੇਰੂਸ਼ਲਮ ਦੇ ਇਕ ਸ਼ਰਨਾਰਥੀ ਕੈਂਪ 'ਤੇ ਛਾਪਾ ਮਾਰਿਆ। ਇਸ ਦੌਰਾਨ ਉੱਥੇ ਰਹਿ ਰਹੇ ਫਲਸਤੀਨੀਆਂ ਅਤੇ ਫੌਜੀਆਂ ਵਿਚਾਲੇ ਝੜਪ ਹੋ ਗਈ। ਦੋਸ਼ੀ ਨੌਜਵਾਨ ਨੂੰ ਗ੍ਰਿਫਤਾਰ ਕਰਨ ਅਤੇ ਉਸ ਦੇ ਘਰ ਨੂੰ ਤਬਾਹ ਕਰਨ ਲਈ ਫੌਜ ਇੱਥੇ ਆਈ ਸੀ। ਇਸ ਦੌਰਾਨ ਮੁਲਜ਼ਮਾਂ ਨੇ ਜਵਾਨਾਂ 'ਤੇ ਪਥਰਾਅ ਵੀ ਸ਼ੁਰੂ ਕਰ ਦਿੱਤਾ। ਜਵਾਬੀ ਕਾਰਵਾਈ 'ਚ ਫੌਜ ਨੇ ਦੋਸ਼ੀ ਲੜਕੇ ਨੂੰ ਮਾਰ ਦਿੱਤਾ। ਜਿਸ ਤੋਂ ਬਾਅਦ ਇੱਥੇ ਹਿੰਸਾ ਤੇਜ਼ ਹੋ ਗਈ।

## ਅੱਜ ਨਾਮਾ

ਚੜ੍ਹਿਆ ਡੋਨਾਲਡ ਟਰੰਪ ਨੂੰ ਜਦੋਂ ਗੁੱਸਾ,
ਸਿੱਧਾ ਈ ਜੱਜ ਨੂੰ ਪਿਆ ਸੀ ਬੋਲ ਬੇਲੀ।
ਗਵਾਹੀ ਮੌਕੇ ਇੱਕ ਗੱਲ ਸੀਜਦੋਂਪੁੱਛੀ,
ਗੱਠੜੀ ਬੈਠ ਗਿਆ ਉਹ ਸੀ ਖੋਲ੍ਹ ਬੇਲੀ।
ਜੱਜ ਆਖਦਾ, ਕਰੋ ਕੋਈ ਕੰਮ ਦੀ ਬਾਤ,
ਰੱਖੋ ਭਾਸ਼ਣ ਜਿਹਾਸਾਂਭਿਆਕੋਲ ਬੇਲੀ।
ਜੋ ਵੀ ਪੁੱਛਿਆ, ਉਸੇ ਦੀ ਗੱਲ ਕਹਿਣੀ,
ਗੱਲੀਂ-ਬਾਤੀਂ ਨਾ ਕਰੋ ਪਏ ਗੋਲ ਬੇਲੀ।
ਆਖਿਆ ਅੱਗੋਂ ਟਰੰਪ ਬੱਸ ਸਾਫ ਸਿੱਧਾ,
ਸਿਆਸਤ ਸਾਡੇ ਵਿਰੁੱਧ ਨਾ ਕਰੋ ਬੇਲੀ।
ਲਾਉਣੇ ਦੋਸ਼ ਨੇ ਜਿੰਨੇ ਵੀ ਲਾਈ ਜਾਉ,
ਆਖੀਏ ਅਸੀਂ ਤਾਂ ਉਹ ਵੀ ਜਰੋ ਬੇਲੀ।

**ਤੀਸ ਮਾਰ ਖਾਂ**

# ਅੰਮ੍ਰਿਤਸਰ ਦੇ ਨੌਜਵਾਨ ਦੀ ਫਿਲੀਪੀਨਜ਼ ਵਿਚ ਮੋਟਰਸਾਈਕਲ ਦੀ ਬ੍ਰੇਕ ਫੇਲ੍ਹ ਹੋਣ ਕਾਰਨ ਮੌਤ



ਅੰਮਿਤਸਰ, 8 ਨਵੰਬਰ (ਪੋਸਟ ਬਿਊਰੋ): ਅੰਮ੍ਰਿਤਸਰ ਦੇ ਇੱਕ 26 ਸਾਲਾ ਨੌਜਵਾਨ ਦੀ ਫਿਲੀਪੀਨਜ਼ ਵਿਚ ਸੜਕ ਹਾਦਸੇ ਵਿਚ ਮੌਤ ਹੋ ਗਈ। ਬ੍ਰੇਕ ਫੇਲ੍ਹ ਹੋਣ ਕਾਰਨ ਬਾਈਕ ਅਸੰਤੁਲਿਤ ਹੋ ਗਈ ਅਤੇ ਡਿਵਾਈਡਰ ਨਾਲ ਟਕਰਾ ਗਈ। ਖੂਨ ਨਾਲ ਲੱਥਪੱਥ ਨੌਜਵਾਨ ਨੂੰ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਨੌਜਵਾਨ ਦੀ ਪਹਿਚਾਣ ਜਸਪਿੰਦਰ ਸਿੰਘ ਵਜੋਂ ਹੋਈ ਹੈ।

ਮ੍ਰਿਤਕ ਜਸਪਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਆਪਣੇ ਉੱਜਵਲ ਭਵਿੱਖ ਲਈ 6 ਸਾਲ ਪਹਿਲਾਂ ਭਾਰਤ ਤੋਂ ਫਿਲੀਪੀਨਜ਼ ਗਿਆ ਸੀ। ਉਹ ਇੱਕ ਫਾਇਨਾਂਸ ਕੰਪਨੀ ਵਿੱਚ ਕੰਮ ਕਰਦਾ ਸੀ। ਜਦੋਂ ਉਹ ਕਿਸੇ ਨੂੰ ਪੈਸੇ ਦੇ ਕੇ ਘਰ ਪਰਤ ਰਿਹਾ ਸੀ ਤਾਂ ਉਸ ਦੇ ਮੋਟਰਸਾਈਕਲ ਦੀ ਬ੍ਰੇਕ ਫੇਲ੍ਹ ਹੋ ਗਈ। ਇਸ ਕਾਰਨ ਬਾਈਕ ਦਾ ਸੰਤੁਲਨ ਵਿਗੜ ਗਿਆ। ਉਸ ਦਾ ਸਿਰ ਸੜਕ ਕਿਨਾਰੇ ਡਿਵਾਈਡਰ ਨਾਲ ਟਕਰਾ ਗਿਆ।

ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਜਸਪਿੰਦਰ ਦੀ ਲਾਸ਼ ਨੂੰ ਜਲਦ ਤੋਂ ਜਲਦ ਭਾਰਤ ਲਿਆਂਦਾ ਜਾਵੇ ਤਾਂ ਜੋ ਉਸ ਦਾ ਅੰਤਿਮ ਸੰਸਕਾਰ ਕੀਤਾ ਜਾ ਸਕੇ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936







# ਗੁਰੂਗ੍ਰਾਮ ਵਿਚ ਚੱਲਦੀ ਸਲੀਪਰ ਬੱਸ 'ਚ ਲੱਗੀ ਅੱਗ, 12 ਲੋਕ ਝੁਲਸੇ, ਦੋ ਮੌਤਾਂ



ਗੁਰੂਗ੍ਰਾਮ, 8 ਨਵੰਬਰ (ਪੋਸਟ ਬਿਊਰੋ): ਗੁਰੂਗ੍ਰਾਮ 'ਚ ਬੁੱਧਵਾਰ ਰਾਤ ਨੂੰ ਚੱਲਦੀ ਸਲੀਪਰ ਬੱਸ ਨੂੰ ਅੱਗ ਲੱਗ ਗਈ। ਇਸ ਹਾਦਸੇ 'ਚ 2 ਲੋਕਾਂ ਦੀ ਮੌਤ ਹੋ ਗਈ, ਜਦਕਿ 12 ਲੋਕ ਝੁਲਸ ਗਏ। ਇਹ ਘਟਨਾ ਰਾਤ 8:30 ਵਜੇ ਦਿੱਲੀ-ਗੁਰੂਗ੍ਰਾਮ ਐਕਸਪ੍ਰੈਸ ਵੇਅ 'ਤੇ ਝਾੜਸਾ ਫਲਾਈਓਵਰ ਨੇੜੇ ਵਾਪਰੀ।

ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਅਤੇ ਅੱਗ 'ਤੇ ਕਾਬੂ ਪਾਇਆ ਗਿਆ। 5 ਜ਼ਖਮੀਆਂ ਨੂੰ ਮੇਦਾਂਤਾ ਹਸਪਤਾਲ ਅਤੇ 7 ਜ਼ਖਮੀਆਂ ਨੂੰ ਸਿਵਲ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਅੱਗ ਕਿਸ ਕਾਰਨ ਲੱਗੀ ਇਸ ਬਾਰੇ ਅਜੇ ਜਾਣਕਾਰੀ ਨਹੀਂ ਮਿਲ ਸਕੀ ਹੈ।

ਗੁਰੂਗ੍ਰਾਮ ਦੇ ਸਿਵਲ ਹਸਪਤਾਲ ਦੇ ਡਾਕਟਰ ਮਾਨਵ ਨੇ ਦੱਸਿਆ ਕਿ ਸਾਡੀ ਟੀਮ ਸੱਤ ਜ਼ਖ਼ਮੀਆਂ ਦਾ ਇਲਾਜ ਕਰ ਰਹੀ ਹੈ। ਸਾਰੇ ਜ਼ਖਮੀ 30 ਤੋਂ 50 ਫੀਸਦੀ ਝੁਲਸ ਗਏ ਹਨ ਪਰ ਉਨ੍ਹਾਂ ਦੀ ਹਾਲਤ ਸਥਿਰ ਹੈ।

ਘਟਨਾ ਸਬੰਧੀ ਏਸੀਪੀ ਕ੍ਰਾਈਮ ਵਰੁਣ ਦਹੀਆ ਨੇ ਦੱਸਿਆ ਕਿ ਬੱਸ ਅਰੁਣਾਚਲ ਪ੍ਰਦੇਸ਼ ਦੀ ਹੈ, ਜਿਸ ਦਾ ਨੰਬਰ ਏਆਰ 01 ਕੇ 7707 ਹੈ। ਮੌਕੇ ਤੋਂ ਦੋ ਲੋਕਾਂ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ। ਬੱਸ ਵਿੱਚ ਸਵਾਰ ਸਾਰੇ ਲੋਕਾਂ ਨੂੰ ਬਚਾ ਲਿਆ ਗਿਆ ਹੈ।

## ਲਓ ਬਈ ਹੁਣ ਚੂਹਾ ਵੀ ਹੋ ਗਿਆ ਗ੍ਰਿਫ਼ਤਾਰ: ਮੱਧਪ੍ਰਦੇਸ਼ ਵਿਚ ਸ਼ਰਾਬ ਪੀਣ ਦੇ ਦੋਸ਼ 'ਚ ਚੂਹਾ ਗ੍ਰਿਫਤਾਰ, ਅਦਾਲਤ ਵਿਚ ਪੇਸ਼ ਕਰੇਗੀ ਪੁਲਸ

ਭੋਪਾਲ, 8 ਨਵੰਬਰ (ਪੋਸਟ ਬਿਊਰੋ): ਮੱਧ ਪ੍ਰਦੇਸ਼ ਵਿਚ ਪੁਲਸ ਨੇ ਸ਼ਰਾਬ ਦੀਆਂ ਬੋਤਲਾਂ ਖਾਲ੍ਹੀ ਕਰਨ ਵਾਲੇ ਚੂਹੇ ਨੂੰ 'ਗ੍ਰਿਫਤਾਰ' ਕੀਤਾ ਹੈ। ਇਹ ਹੈਰਾਨ ਕਰਨ ਵਾਲੀ ਘਟਨਾ ਸੂਬੇ ਦੇ ਛਿੰਦਵਾੜਾ ਜ਼ਿਲ੍ਹੇ ਤੋਂ ਸਾਹਮਣੇ ਆਈ ਹੈ, ਜਿੱਥੇ ਜ਼ਬਤ ਕਰਕੇ ਥਾਣੇ 'ਚ ਰੱਖੀਆਂ 60 ਬੋਤਲਾਂ ਸ਼ਰਾਬ ਨੂੰ ਚੂਹਿਆਂ ਨੇ ਖਾਲ੍ਹੀ ਕਰ ਦਿੱਤਾ। ਪੁਲਸ ਦਾ ਕਹਿਣਾ ਹੈ ਕਿ ਪਲਾਸਟਿਕ ਦੀਆਂ ਬੋਤਲਾਂ 'ਚ ਪੈਕ ਕੀਤੀ ਨਾਜਾਇਜ਼ ਸ਼ਰਾਬ ਨੂੰ ਜ਼ਬਤ ਕਰਕੇ ਥਾਣੇ ਦੇ ਸਟੋਰ ਰੂਮ 'ਚ ਰੱਖ ਦਿੱਤਾ ਸੀ ਪਰ ਚੂਹਿਆਂ ਨੇ ਇਨ੍ਹਾਂ 'ਚੋਂ 60 ਬੋਤਲਾਂ ਨੂੰ ਖਾਲੀ ਕਰ ਦਿੱਤਾ ਸੀ। ਇਸ ਮਾਮਲੇ ਵਿੱਚ ਪੁਲਿਸ ਨੇ ਇੱਕ ਚੂਹੇ ਨੂੰ 'ਗ੍ਰਿਫ਼ਤਾਰ' ਕਰ ਲਿਆ ਹੈ ਅਤੇ ਹੁਣ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਪੁਲਿਸ ਦਾ ਕਹਿਣਾ ਹੈ ਕਿ ਪੁਲਿਸ ਸਟੇਸ਼ਨ ਦੀ ਇਮਾਰਤ ਬਹੁਤ ਪੁਰਾਣੀ ਹੈ, ਜਿੱਥੇ ਅਕਸਰ ਚੂਹੇ ਘੁੰਮਦੇ ਦੇਖੇ ਜਾਂਦੇ ਹਨ।



ਉਸ ਦਾ ਕਹਿਣਾ ਹੈ ਕਿ ਕਈ ਵਾਰ ਇਹ ਚੂਹੇ ਟੁੱਕ ਕੇ ਰਿਕਾਰਡ ਵੀ ਤਬਾਹ ਕਰ ਦਿੰਦੇ ਹਨ। ਪੁਲਿਸ ਨੇ ਇੱਕ 'ਮੁਲਜ਼ਮ' ਚੂਹੇ ਨੂੰ 'ਗ੍ਰਿਫ਼ਤਾਰ' ਕਰਨ ਦਾ ਦਾਅਵਾ ਕੀਤਾ ਹੈ ਅਤੇ ਕਿਹਾ ਹੈ ਕਿ ਉਸ ਨੂੰ ਸਬੂਤ ਵਜੋਂ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਹਾਲਾਂਕਿ ਪੁਲਿਸ ਨੇ ਅਜੇ ਤੱਕ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਹੈ ਕਿ ਸ਼ਰਾਬ ਪੀਣ ਵਿੱਚ ਕਿੰਨੇ ਚੂਹੇ ਸ਼ਾਮਿਲ ਸਨ। ਜਿਸ ਵਿਚ ਸ਼ਰਾਬ ਦੀਆਂ ਬੋਤਲਾਂ ਜ਼ਬਤ ਕੀਤੀਆਂ ਗਈਆਂ ਸਨ, ਉਹ ਮਾਮਲਾ ਅਦਾਲਤ ਵਿਚ ਵਿਚਾਰ ਅਧੀਨ ਹੈ।

## 67ਵੀਆਂ ਪੰਜਾਬ ਰਾਜ ਸਕੂਲ ਖੇਡਾਂ ਕਬੱਡੀ ਨੈਸ਼ਨਲ ਸਟਾਇਲ ਅੰਡਰ 17 ਸਾਲ ਲੜਕਿਆਂ ਦੇ ਫਸਵੇਂ ਮੁਕਾਬਲੇ ਵੇਖਣ ਨੂੰ ਮਿਲੇ

**ਬਠਿੰਡਾ, ਫਾਜ਼ਿਲਕਾ, ਅੰਮ੍ਰਿਤਸਰ ਤੇ ਸੰਗਰੂਰ ਕੁਆਰਟਰ ਫਾਈਨਲ 'ਚ**

ਬਰਨਾਲਾ, 8 ਨਵੰਬਰ (ਪੋਸਟ ਬਿਊਰੋ): ਸਰਕਾਰੀ ਹਾਈ ਸਕੂਲ ਨੰਗਲ ਵਿਖੇ ਚੱਲ ਰਹੀਆਂ 67ਵੀਆਂ ਪੰਜਾਬ ਰਾਜ ਸਕੂਲ ਖੇਡਾਂ ਤਹਿਤ ਕਬੱਡੀ ਨੈਸ਼ਨਲ ਸਟਾਇਲ ਅੰਡਰ 17 ਵਿੱਚ ਅੱਜ ਦੂਜੇ ਦਿਨ ਲੜਕਿਆਂ ਦੇ ਫਸਵੇਂ ਮਕਾਬਲੇ ਵੇਖਣ ਨੂੰ ਮਿਲੇ। ਖਿਡਾਰੀਆਂ ਨੂੰ ਆਸ਼ੀਰਵਾਦ ਦੇਣ ਉਪ ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਵਸੁੰਧਰਾ ਕਪਿਲਾ ਅਤੇ ਸਾਬਾ ਜਿਲ੍ਹਾ ਸਿੱਖਿਆ ਅਫਸਰ ਸਰਬਜੀਤ ਸਿੰਘ ਤੂਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡੀ.ਐਮ. ਸਪੋਰਟਸ ਬਰਨਾਲਾ ਸਿਮਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਡੀ.ਈ.ਓ. ਸੈਕੰਡਰੀ ਬਰਨਾਲਾ ਸ਼ਮਸ਼ੇਰ ਸਿੰਘ ਅਤੇ ਉੱਪ ਜਿਲ੍ਹਾ ਸਿੱਖਿਆ ਅਫਸਰ ਡਾ. ਬਰਜਿੰਦਰਪਾਲ ਸਿੰਘ ਦੀ ਅਗਵਾਈ ਵਿੱਚ ਕਰਵਾਈਆਂ ਜਾ ਰਹੀਆਂ ਇਹਨਾਂ ਖੇਡਾਂ ਵਿੱਚ ਅੱਜ ਹੋਏ ਲੀਗ ਮੈਚਾਂ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਸਾਹਿਬਜਾਦਾ ਅਜੀਤ ਸਿੰਘ ਨਗਰ, ਸੰਗਰੂਰ ਨੇ ਬਰਨਾਲਾ, ਬਠਿੰਡਾ ਨੇ ਪਠਾਨਕੋਟ, ਸ੍ਰੀ ਫਤਿਹਗੜ੍ਹ ਸਾਹਿਬ ਨੇ ਤਰਨ-ਤਾਰਨ, ਬਠਿੰਡਾ ਨੇ ਰੂਪਨਗਰ, ਮਾਨਸਾ ਨੇ ਸ਼ਹੀਦ ਭਗਤ ਸਿੰਘ ਨਗਰ, ਫਿਰੋਜ਼ਪੁਰ ਨੇ ਗੁਰਦਾਸਪੁਰ, ਫਰੀਦਕੋਟ ਨੇ ਲੁਧਿਆਣਾ, ਫਾਜ਼ਿਲਕਾ ਨੇ ਪਟਿਆਲਾ, ਹੁਸ਼ਿਆਰਪੁਰ ਨੇ ਕਪੂਰਥਲਾ, ਜਲੰਧਰ ਨੇ ਸ਼ਹੀਦ ਭਗਤ ਸਿੰਘ ਨਗਰ, ਸ੍ਰੀ ਮੁਕਤਸਰ ਸਾਹਿਬ ਨੇ ਮਾਨਸਾ, ਲੁਧਿਆਣਾ ਨੇ ਫਿਰੋਜ਼ਪੁਰ ਨੂੰ ਹਰਾਇਆ। ਪ੍ਰੀ ਕੁਆਰਟਰ ਫਾਈਨਲ 'ਚ ਸ੍ਰੀ ਫਤਿਹਗੜ੍ਹ ਸਾਹਿਬ ਨੇ ਸ੍ਰੀ ਮੁਕਤਸਰ ਸਾਹਿਬ ਅਤੇ ਪਟਿਆਲਾ ਨੇ ਮਾਨਸਾ ਨੂੰ ਹਰਾ ਕੇ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ ਹੈ। ਇਸ ਮੌਕੇ ਸਕੂਲ ਇੰਚਾਰਜ ਕੁਲਦੀਪ ਸਿੰਘ ਭੁੱਲਰ, ਮਲਕੀਤ ਸਿੰਘ ਭੁੱਲਰ, ਹਰਜਿੰਦਰ ਕੌਰ, ਕੁਲਵਿੰਦਰ ਕੌਰ, ਰੁਪਿੰਦਰ ਸਿੰਘ, ਗੁਰਵੀਰ ਸਿੰਘ, ਜਸਵੀਰ ਸਿੰਘ, ਭੁਪਿੰਦਰ ਸਿੰਘ, ਇੰਦਰਜੀਤ ਸਿੰਘ, ਮਨਜੀਤ ਸਿੰਘ, ਨਵਜੋਤ ਸਿੰਘ, ਹਰਮੇਲ ਸਿੰਘ, ਸੱਤਪਾਲ ਸ਼ਰਮਾ, ਗੁਰਚਰਨ ਸਿੰਘ ਬੇਦੀ, ਰੁਪਿੰਦਰ ਕੌਰ, ਸਵਰਨਜੀਤ ਕੌਰ, ਪਰਮਜੀਤ ਕੌਰ, ਜਸਪ੍ਰੀਤ ਸਿੰਘ, ਭੁਪਿੰਦਰ ਸਿੰਘ, ਸੱਤਪਾਲ ਸਿੰਘ, ਕਮਲਦੀਪ ਸ਼ਰਮਾ, ਸਤਨਾਮ ਸਿੰਘ, ਹਰਵਿੰਦਰ ਸਿੰਘ, ਦੇਵਇੰਦਰ ਸਿੰਘ, ਹਰਬੰਸ ਸਿੰਘ, ਭੁਪਿੰਦਰ ਸਿੰਘ, ਲਖਵੀਰ ਸਿੰਘ, ਹਰਜਿੰਦਰ ਸਿੰਘ, ਪ੍ਰਗਟ ਸਿੰਘ ਸਮੇਤ ਵੱਖਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ, ਟੀਮ ਇੰਚਾਰਜ ਅਤੇ ਖਿਡਾਰੀ ਮੌਜੂਦ ਸਨ।

## ਜ਼ਿਲ੍ਹਾ ਰਿਸੋਰਸ ਸੈਂਟਰ ਸਕੂਲ ਦੇ ਗੂੰਗੇ ਅਤੇ ਬੋਲੇ ਬੱਚਿਆਂ ਵੱਲੋਂ ਤਿਆਰ ਦੀਵੇ ਅਤੇ ਮੋਮਬੱਤੀਆਂ ਦੀ ਲਗਾਈ ਜਾਵੇਗੀ ਪ੍ਰਦਰਸ਼ਨੀ

ਸ੍ਰੀ ਮੁਕਤਸਰ ਸਾਹਿਬ, 8 ਨਵੰਬਰ (ਗਿਆਨ ਸਿੰਘ): ਰਾਜ ਕੁਮਾਰ, ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਰਿਸੋਰਸ ਸੈਂਟਰ ਸਕੂਲ ਦੇ ਗੂੰਗੇ ਅਤੇ ਬੋਲੇ ਬੱਚਿਆਂ ਵੱਲੋਂ ਦਿਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਆਪਣੇ ਹੱਥੀ ਤਿਆਰ ਕੀਤੇ ਦੀਵੇਂ ਅਤੇ ਮੋਮਬੱਤੀਆਂ ਦੀ ਪ੍ਰਦਰਸ਼ਨੀ ਜ਼ਿਲ੍ਹਾ



ਕਚਹਿਰੀਆਂ ਕੰਪਲੈਕਸ ਵਿਖੇ ਲਗਾਈ ਜਾਵੇਗੀ, ਇਹ ਜਾਣਕਾਰੀ ਮਿਸ: ਹਰਪ੍ਰੀਤ ਕੌਰ, ਸਿਵਲ ਜੱਜ (ਸੀ.ਡ.) ਸੀ.ਜੇ.ਐੱਮ. ਸਾਹਿਤ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਇਨ੍ਹਾਂ ਬੱਚਿਆਂ ਵੱਲੋਂ ਤਿਆਰ ਕੀਤੀਆਂ ਗਈਆਂ ਆਈਟਮਾਂ ਖਰੀਦਣਾ ਚਾਹੁੰਦਾ ਹੈ ਤਾਂ ਉਹ ਜ਼ਿਲ੍ਹਾ ਕਚਹਿਰੀ ਕੰਪਲੈਕਸ, ਸ੍ਰੀ ਮੁਕਤਸਰ ਸਾਹਿਬ ਵਿਖੇ ਖਰੀਦ ਸਕਦੇ ਹਨ। ਇਨ੍ਹਾਂ ਬੱਚਿਆਂ ਦੁਆਰਾ ਤਿਆਰ ਕੀਤਾ ਗਿਆ ਸਮਾਨ ਖਰੀਦਣ ਨਾਲ ਬੱਚਿਆਂ ਨੂੰ ਹੌਸਲਾ ਅਫ਼ਜਾਈ ਹੋਵੇਗੀ।

ਇਸ ਮੌਕੇ ਇਨ੍ਹਾਂ ਪ੍ਰਦਰਸ਼ੀਆਂ ਦੇ ਨਾਲ-ਨਾਲ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਹੈਲਪ ਡੈਸਕ ਵੀ ਲਗਾਏ ਜਾਣਗੇ ਜਿਨ੍ਹਾਂ ਦੁਆਰਾ ਆਮ ਜਨਤਾ ਨੂੰ ਮੁਫ਼ਤ ਕਾਨੂੰਨੀ ਸਹਾਇਤਾ, ਲੋਕ ਅਦਾਲਤਾਂ, ਮੇਡੀਏਸ਼ਨ ਸੈਂਟਰ, ਨਾਲਸਾ ਸਕੀਮਾਂ, ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਵਾਤਾਵਰਨ ਬਚਾਓ ਆਦਿ ਸਬੰਧੀ ਜਾਗਰੂਕ ਕੀਤਾ ਜਾਵੇਗਾ।



# ਮੁੰਬਈ ’ਚ 17 ਸਾਲਾ ਲੜਕੀ ਚਲਾ ਰਹੀ ਸੀ ਸੈਕਸ ਰੈਕੇਟ

## ਪੁਲਸ ਨੇ 84 ਹਜ਼ਾਰ ਦੀ ਨਕਦੀ ਅਤੇ ਡੇਢ ਲੱਖ ਦੇ ਨਕਲੀ ਨੋਟ ਕੀਤੇ ਬਰਾਮਦ



ਮੁੰਬਈ, 8 ਨਵੰਬਰ (ਪੋਸਟ ਬਿਊਰੋ): ਨਵੀਂ ਮੁੰਬਈ ਪੁਲਸ ਨੇ ਮੰਗਲਵਾਰ 7 ਨਵੰਬਰ ਨੂੰ ਇਕ ਹੋਟਲ ਤੋਂ ਸੈਕਸ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲਿਸ ਨੇ ਇਸ ਹੋਟਲ ਤੋਂ 4 ਔਰਤਾਂ ਨੂੰ ਛੁਡਵਾਇਆ ਜੋ ਦੇਹ ਵਪਾਰ ਲਈ ਮਜਬੂਰ ਕੀਤੀਆਂ ਜਾਂਦੀਆਂ ਸਨ। ਇਹ ਸੈਕਸ ਰੈਕੇਟ 17 ਸਾਲ ਦੀ ਲੜਕੀ ਚਲਾ ਰਹੀ ਸੀ।

ਛਾਪੇਮਾਰੀ ਦੌਰਾਨ ਟੀਮ ਨੇ ਇੱਕ ਮੋਬਾਈਲ ਫ਼ੋਨ, ਇੱਕ ਘੜੀ, 84 ਹਜ਼ਾਰ 30 ਰੁਪਏ ਦੀ ਨਕਦੀ ਅਤੇ ਡੇਢ ਲੱਖ ਰੁਪਏ ਤੋਂ ਵੱਧ ਦੇ ਜਾਅਲੀ ਨੋਟ ਬਰਾਮਦ ਕੀਤੇ।

ਪੁਲਿਸ ਅਧਿਕਾਰੀ ਨੇ ਦੱਸਿਆ ਕਿ ਸਾਨੂੰ ਸੂਚਨਾ ਮਿਲੀ ਸੀ ਕਿ ਵਾਸ਼ੀ ਇਲਾਕੇ 'ਚ ਸਥਿਤ ਇਕ ਹੋਟਲ 'ਚ ਸੈਕਸ ਰੈਕੇਟ ਚੱਲ ਰਿਹਾ ਹੈ। ਇਸ 'ਤੇ ਪੁਲਸ ਦੇ ਐਂਟੀ ਹਿਊਮਨ ਟਰੈਫਿਕਿੰਗ ਸੈੱਲ ਨੇ ਟੀਮ ਦੇ ਇਕ ਮੈਂਬਰ ਨੂੰ ਗਾਹਕ ਬਣ ਕੇ ਹੋਟਲ ਭੇਜਿਆ। ਉਸ ਦਾ ਪਿੱਛਾ ਕਰਦੇ ਹੋਏ ਪੂਰੀ ਟੀਮ ਹੋਟਲ ਵਿਚ ਦਾਖਲ ਹੋਈ।

ਛਾਪੇਮਾਰੀ ਦੌਰਾਨ ਟੀਮ ਨੇ 4 ਔਰਤਾਂ ਨੂੰ ਛੁਡਵਾਇਆ। ਉਨ੍ਹਾਂ ਦੀ ਉਮਰ ਕਰੀਬ 20 ਸਾਲ ਹੈ। ਪੀੜਤ ਔਰਤਾਂ ਵਿੱਚੋਂ ਇੱਕ ਨੇਪਾਲ ਅਤੇ ਦੋ ਬਿਹਾਰ ਦੀ ਰਹਿਣ ਵਾਲੀ ਹੈ। ਸਾਰੀਆਂ ਨੂੰ ਮੁੜ ਵਸੇਬਾ ਕੇਂਦਰ ਭੇਜਿਆ ਗਿਆ ਹੈ।

ਪੁਲਿਸ ਨੇ ਐਫਆਈਆਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਮਾਮਲੇ ਦਾ ਮੁੱਖ ਮੁਲਜ਼ਮ ਮਲਾੜ ਦੀ ਰਹਿਣ ਵਾਲੀ ਹੈ। ਉਹ ਵੇਸਵਾਗਮਨੀ ਤੋਂ ਕਮਾਏ ਪੈਸੇ ਦਾ ਕੁਝ ਹਿੱਸਾ ਪੀੜਤ ਔਰਤਾਂ ਨੂੰ ਦਿੰਦੀ ਸੀ ਅਤੇ ਬਾਕੀ ਦਾ ਹਿੱਸਾ ਆਪਣੇ ਕੋਲ ਰੱਖਦੀ ਸੀ।










# ਕੈਨੇਡੀਅਨ ਪੰਜਾਬੀ ਪੋਸਟ CLASSIFIEDS

Award winning news paper | Canadian Punjabi Post

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਤੀਸਰੀ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

## ਐਡਵੋਕੇਟ ਧਾਮੀ ਨੂੰ 118 ਅਤੇ ਘੁੰਨਸ ਨੂੰ ਮਿਲੀਆਂ 17 ਵੋਟਾਂ



ਅੰਮ੍ਰਿਤਸਰ, 8 ਨਵੰਬਰ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਤੀਸਰੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਅੰਦਰ ਹੋਏ ਜਨਰਲ ਇਜਲਾਸ ਦੌਰਾਨ ਹੋਈ ਚੋਣ ਮੌਕੇ ਕੁੱਲ ਪਈਆਂ 137 ਵੋਟਾਂ ਵਿੱਚੋਂ 118 ਵੋਟਾਂ ਪ੍ਰਾਪਤ ਕਰਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿੱਤ ਹਾਸਲ ਕੀਤੀ। ਉਨ੍ਹਾਂ ਦੇ ਮੁਕਾਬਲੇ ਪ੍ਰਧਾਨਗੀ ਦੀ ਚੋਣ ਲੜਨ ਲਈ ਖੜੇ ਸ. ਬਲਬੀਰ ਸਿੰਘ ਘੁੰਨਸ ਨੂੰ 17 ਵੋਟਾਂ ਪਈਆਂ, ਜਦਕਿ 2 ਵੋਟਾਂ ਰੱਦ ਹੋਈਆਂ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ 137 ਮੈਂਬਰ ਮੌਜੂਦ ਰਹੇ।

ਜਨਰਲ ਇਜਲਾਸ ਦੌਰਾਨ ਸੀਨੀਅਰ ਮੀਤ ਪ੍ਰਧਾਨ ਲਈ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖਾਲਸਾ ਅਤੇ ਜਨਰਲ ਸਕੱਤਰ ਲਈ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਦੇ 11 ਮੈਂਬਰ ਵੀ ਚੁਣੇ ਗਏ, ਜਿਨ੍ਹਾਂ ਵਿਚ ਸ. ਮੋਹਨ ਸਿੰਘ ਬੰਗੀ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਜਸਮੇਰ ਸਿੰਘ ਲਾਛੜੂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਦੀਪ ਕੌਰ ਖੋਖ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਅਮਰਜੀਤ ਸਿੰਘ ਭਲਾਈਪੁਰ, ਬੀਬੀ ਜਸਪਾਲ ਕੌਰ ਤੇ ਸ. ਜਸਵੰਤ ਸਿੰਘ ਪੁੜੈਣ ਸ਼ਾਮਲ ਹਨ।

ਐਡਵੋਕੇਟ ਧਾਮੀ ਨੇ ਪ੍ਰਧਾਨ ਚੁਣੇ ਜਾਣ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਉਨ੍ਹਾਂ ਨੂੰ ਇਹ ਸੇਵਾ ਤੀਜੀ ਵਾਰ ਮਿਲੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਸਮੁੱਚੇ ਹਾਊਸ ਦੇ ਨਾਲ-ਨਾਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਤੇ ਦਲ ਦੇ ਸੀਨੀਅਰ ਆਗੂਆਂ ਦਾ ਧੰਨਵਾਦ ਵੀ ਕੀਤਾ ਅਤੇ ਕਿਹਾ ਕਿ ਉਹ ਯਤਨ ਕਰਨਗੇ ਕਿ ਸਿੱਖ ਪੰਥ ਦੀ ਪ੍ਰਤੀਨਿਧ ਸੰਸਥਾ ਦੀਆਂ ਸੇਵਾਵਾਂ ਕੌਮੀ ਭਾਵਨਾਵਾਂ ਅਨੁਸਾਰ ਕੀਤੀਆਂ ਜਾਣ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸਮਾਂ ਕੌਮ ਲਈ ਚੁਣੌਤੀਆਂ ਵਾਲਾ ਹੈ, ਕਿਉਂਕਿ ਸ਼੍ਰੋਮਣੀ ਕਮੇਟੀ ਦੀਆਂ ਜਨਰਲ ਚੋਣਾਂ ਸਾਹਮਣੇ ਹੋਣ ਦੇ ਨਾਲ-ਨਾਲ ਕਈ ਪੰਥਕ ਮਸਲੇ ਵੀ ਦਰਪੇਸ਼ ਹਨ। ਉਨ੍ਹਾਂ ਕਿਹਾ ਕਿ ਚਾਹੇ ਕੇਂਦਰ ਜਾਂ ਪੰਜਾਬ ਦੀ ਸਰਕਾਰ ਹੋਵੇ, ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਪ੍ਰਕਿਰਿਆ ਵਿਚ ਦਖ਼ਲਅੰਦਾਜ਼ੀ ਕਰ ਰਹੀਆਂ ਹਨ। ਸਰਕਾਰਾਂ ਵੱਲੋਂ ਵੋਟਾਂ ਬਣਾਉਣ ਲਈ ਬਹੁਤ ਥੋੜ੍ਹਾ ਸਮਾਂ ਦੇਣ ਪਿੱਛੇ ਇਹ ਖ਼ਦਸ਼ਾ ਪ੍ਰਗਟਾਇਆ ਜਾ ਰਿਹਾ ਹੈ ਕਿ ਸਰਕਾਰਾਂ ਦਾ ਮੰਤਵ ਸਿੱਖਾਂ ਦੀਆਂ ਘੱਟ ਵੋਟਾਂ ਬਣਨ ਦੇਣਾ ਹੈ, ਤਾਂਕਿ ਇਨ੍ਹਾਂ ਨੂੰ ਪੰਜਾਬ ਅੰਦਰ ਘੱਟਗਿਣਤੀ ਦਰਸਾਇਆ ਜਾਵੇ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਸਿੱਖ ਕੌਮ ਦੇ ਸਾਹਮਣੇ ਬੰਦੀ ਸਿੰਘਾਂ ਦੀ ਰਿਹਾਈ ਦਾ ਇਕ ਵੱਡਾ ਮਸਲਾ ਹੈ, ਜਿਸ ਲਈ ਢੁੱਕਵੇਂ ਕਦਮ ਚੁੱਕੇ ਜਾਣਗੇ। ਮੀਡੀਆ ਦੇ ਇਕ ਸਵਾਲ ਦਾ ਜਵਾਬ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਦਾ ਸ਼੍ਰੋਮਣੀ ਕਮੇਟੀ ਅਹੁਦੇਦਾਰਾਂ ਦਾ ਚੋਣ ਨਤੀਜਾ ਇਹ ਦਰਸਾਉਂਦਾ ਹੈ ਕਿ ਦਲ ਦੇ ਸਮੁੱਚੇ ਮੈਂਬਰ ਇਕਜੁਟ ਹਨ ਅਤੇ ਆਪਣੀ ਪਾਰਟੀ ’ਤੇ ਭਰੋਸਾ ਕਰਦੇ ਹਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਦੀਆਂ ਭਵਿੱਖੀ ਯੋਜਨਾਵਾਂ ਅਤੇ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਤਰਜੀਹਾਂ ਸਪੱਸ਼ਟ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਦੇ ਨਾਲ-ਨਾਲ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਨਵੀਆਂ ਸੋਧਾਂ ਅਤੇ ਸੇਧਾਂ ਤਹਿਤ ਅੱਗੇ ਵਧਿਆ ਜਾਵੇਗਾ। ਇਸ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਪੁੱਜਦੀ ਸੰਗਤ ਲਈ ਨਵੀਆਂ ਸਰਾਵਾਂ ਸਥਾਪਤ ਕਰਨਾ ਵੀ ਏਜੰਡੇ ’ਤੇ ਹੋਵੇਗਾ। ਉਨ੍ਹਾਂ ਕਿਹਾ ਕਿ ਹੋਰ ਵੀ ਕਈ ਕੌਮੀ ਕਾਰਜ ਕੀਤੇ ਜਾਣ ਵਾਲੇ ਹਨ, ਜਿਨ੍ਹਾਂ ’ਤੇ ਕੌਮ ਦੇ ਵਿਦਵਾਨਾਂ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਰਾਇ ਮਸ਼ਵਰੇ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਪ੍ਰਬੰਧਕੀ ਸੁਧਾਰਾਂ ਵੱਲ ਵੀ ਵਧਿਆ ਜਾਵੇਗਾ।

ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਨਾਂ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੇਸ਼ ਕੀਤਾ, ਜਿਸ ਦੀ ਤਾਈਦ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤੀ ਅਤੇ ਮਜੀਦ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਕੀਤੀ ਗਈ। ਐਡਵੋਕੇਟ ਧਾਮੀ ਦੇ ਮੁਕਾਬਲੇ ਬਲਬੀਰ ਸਿੰਘ ਘੁੰਨਸ ਦਾ ਨਾਂ ਸ. ਅਮਰੀਕ ਸਿੰਘ ਸ਼ਾਹਪੁਰ ਵੱਲੋਂ ਪੇਸ਼ ਕੀਤਾ ਗਿਆ। ਉਨ੍ਹਾਂ ਦੇ ਨਾਂ ਦੀ ਤਾਈਦ ਬਲਦੇਵ ਸਿੰਘ ਚੂੰਘਾ ਅਤੇ ਮਜੀਦ ਸ. ਨਿਰਮੈਲ ਸਿੰਘ ਜੌਲਾਂ ਨੇ ਕੀਤੀ। ਇਸੇ ਤਰ੍ਹਾਂ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ ਦਾ ਨਾਂ ਭਾਈ ਅਮਰਜੀਤ ਸਿੰਘ ਚਾਵਲਾ ਨੇ ਪੇਸ਼ ਕੀਤਾ, ਤਾਈਦ ਸ. ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਤਾਈਦ ਮਜੀਦ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕੀਤੀ। ਜੂਨੀਅਰ ਮੀਤ ਪ੍ਰਧਾਨ ਲਈ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਦਾ ਨਾਂ ਸ. ਗੁਰਪ੍ਰੀਤ ਸਿੰਘ ਝੱਬਰ ਵੱਲੋਂ ਪੇਸ਼ ਕੀਤਾ ਗਿਆ, ਤਾਈਦ ਸ. ਗੁਰਮੇਲ ਸਿੰਘ ਸੰਗਤਪੁਰਾ ਅਤੇ ਮਜੀਦ ਸ. ਅਵਤਾਰ ਸਿੰਘ ਰਿਆ ਨੇ ਕੀਤੀ। ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਦਾ ਨਾਂ ਸ. ਸੁਰਜੀਤ ਸਿੰਘ ਭਿੱਟੇਵੱਡ ਵੱਲੋਂ ਪੇਸ਼ ਕੀਤਾ ਗਿਆ। ਭਾਈ ਮਹਿਤਾ ਦੇ ਨਾਂ ਦੀ ਤਾਈਦ ਸ. ਖੁਸ਼ਵਿੰਦਰ ਸਿੰਘ ਭਾਟੀਆ ਅਤੇ ਮਜੀਦ ਸ. ਫੁੰਮਣ ਸਿੰਘ ਵੱਲੋਂ ਕੀਤੀ ਗਈ। 11 ਮੈਂਬਰੀ ਅੰਤ੍ਰਿੰਗ ਕਮੇਟੀ ਬਣਾਉਣ ਲਈ ਸ. ਪਰਮਜੀਤ ਸਿੰਘ ਖਾਲਸਾ ਤਜਵੀਜ ਪੇਸ਼ ਕੀਤੀ, ਜਿਸ ’ਤੇ ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਸ. ਬਲਦਵੇ ਸਿੰਘ ਕਲਿਆਣ ਨੇ ਮੋਹਰ ਲਗਾਈ।

ਜਨਰਲ ਇਜਲਾਸ ਦੌਰਾਨ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮਤੇ ਪੇਸ਼ ਕਰਨ ਅਤੇ ਆਪਣੇ ਵਿਚਾਰ ਪੇਸ਼ ਕਰਨ ਦੇ ਨਾਲ-ਨਾਲ ਮੈਂਬਰ ਸ. ਸੁਖਦੇਵ ਸਿੰਘ ਭੌਰ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੀਆਂ ਬਣ ਰਹੀਆਂ ਵੋਟਾਂ ਦੀ ਪ੍ਰਕਿਰਿਆ ਵਿਚ ਖਾਮੀਆਂ ਵਿਰੁੱਧ ਤਿੱਖੀ ਅਵਾਜ਼ ਉਠਾਉਣ ਲਈ ਆਖਿਆ। ਐਡਵੋਕੇਟ ਧਾਮੀ ਨੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਜਨਰਲ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਚਲਾਈ।

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬਾਰੇ ਸੰਖੇਪ ਜਾਣਕਾਰੀ

ਸ਼੍ਰੋਮਣੀ ਕਮੇਟੀ ਦੇ ਤੀਸਰੀ ਵਾਰ ਲਗਾਤਾਰ ਪ੍ਰਧਾਨ ਚੁਣੇ ਗਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲੰਮੇ ਅਰਸੇ ਤੋਂ ਸਿੱਖ ਸੰਸਥਾ ਨਾਲ ਜੁੜੇ ਹੋਏ ਹਨ। 1956 ਵਿਚ ਜਨਮੇ ਐਡਵੋਕੇਟ ਹਰਜਿੰਦਰ ਸਿੰਘ ਬੀਏ, ਐਲਐਲਬੀ ਪਾਸ ਹਨ ਅਤੇ ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਏ ਹਨ। ਉਹ 1996 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ ਬਣੇ ਅਤੇ ਉਦੋਂ ਤੋਂ ਹੁਣ ਤੱਕ ਲਗਾਤਾਰ ਮੈਂਬਰ ਬਣਦੇ ਰਹੇ। ਉਹ ਧਰਮ ਪ੍ਰਚਾਰ ਦੇ ਮੈਂਬਰ ਵੀ ਰਹੇ ਅਤੇ ਅੰਤ੍ਰਿੰਗ ਮੈਂਬਰ ਵੀ ਬਣੇ। ਐਡਵੋਕੇਟ ਧਾਮੀ 2019 ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ, ਜਿਸ ਮਗਰੋਂ 2020 ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਦੇ ਪ੍ਰਬੰਧਕੀ ਅਹੁਦੇ ’ਤੇ ਸੇਵਾ ਨਿਭਾਈ। ਉਸ ਮਗਰੋਂ ਨਵੰਬਰ 2021 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ ਅਤੇ ਹੁਣ ਇਸ ਅਹੁਦੇ ਉੱਤੇ ਲਗਾਤਾਰ ਤੀਸਰੀ ਵਾਰ ਚੁਣੇ ਗਏ ਹਨ। ਉਹ ਸਿੱਖ ਸਰੋਕਾਰਾਂ ਦੀ ਡੂੰਘੀ ਪਕੜ ਰੱਖਦੇ ਹਨ ਅਤੇ ਇਕ ਦਿਆਨਤਦਾਰ ਆਗੂ ਵਜੋਂ ਜਾਣੇ ਜਾਂਦੇ ਹਨ। ਸਿੱਖ ਸੰਘਰਸ਼ ਦੇ ਯੋਧਿਆਂ ਦੇ ਕੇਸਾਂ ਦੀ ਪੈਰਵਾਈ ਵੀ ਕਰਦੇ ਰਹੇ ਹਨ। ਐਡਵੋਕੇਟ ਧਾਮੀ ਦੇ ਮੁੱਖ ਸਕੱਤਰ ਅਤੇ ਪ੍ਰਧਾਨ ਹੁੰਦਿਆਂ ਕਈ ਸ਼ਤਾਬਦੀਆਂ ਵੀ ਮਨਾਈਆਂ ਗਈਆਂ ਹਨ।

# ਡੀਜੀਪੀ ਗੌਰਵ ਯਾਦਵ ਵੱਲੋਂ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਸੰਗਠਿਤ ਅਪਰਾਧਾਂ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਪਰਾਲੀ ਸਾੜਨ ਵਿਰੁੱਧ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼

ਚੰਡੀਗੜ੍ਹ, 8 ਨਵੰਬਰ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤਿਉਹਾਰਾਂ ਦੇ ਸੀਜ਼ਨ ਦੌਰਾਨ ਅਮਨ-ਸ਼ਾਂਤੀ ਅਤੇ ਸਦਭਾਵਨਾ ਨੂੰ ਯਕੀਨੀ ਬਣਾਉਣ ਅਤੇ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਵਾਸਤੇ, ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਅੱਜ ਸੂਬੇ ਦੇ ਸਾਰੇ ਸੀ.ਪੀਜ਼./ਐਸ.ਐਸ.ਪੀਜ਼. ਨੂੰ ਸੂਬੇ ਵਿੱਚ ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਪਰਾਲੀ ਸਾੜਨ ਵਿਰੁੱਧ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ।

ਡੀਜੀਪੀ ਨੇ ਸੂਬੇ ਵਿੱਚ ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਪਰਾਲੀ ਸਾੜਨ ਵਿਰੁੱਧ ਕਾਰਵਾਈ ਦੀ ਸਮੀਖਿਆ ਕਰਨ ਲਈ ਵੀਡੀਓ ਕਾਨਫਰੰਸ ਰਾਹੀਂ ਸੂਬਾ ਪੱਧਰੀ ਕਾਨੂੰਨ ਵਿਵਸਥਾ ਸਮੀਖਿਆ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸੂਬੇ ਦੇ ਸਾਰੇ ਸੀਨੀਅਰ ਪੁਲਿਸ ਅਧਿਕਾਰੀਆਂ, ਰੇਂਜ ਏ.ਡੀ.ਜੀ.ਪੀਜ਼./ਆਈ.ਜੀਜ਼./ਡੀ.ਆਈ.ਜੀਜ਼., ਸੀ.ਪੀਜ਼./ਐੱਸ.ਐੱਸ.ਪੀਜ਼., ਡੀ.ਐੱਸ.ਪੀਜ਼ ਅਤੇ ਸਾਰੇ ਐੱਸ.ਐੱਚ.ਓਜ਼ ਨੇ ਸ਼ਿਰਕਤ ਕੀਤੀ। ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਤੁਰੰਤ ਰੋਕਣ ਲਈ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ, ਉਨ੍ਹਾਂ ਸਾਰੇ ਸੀ.ਪੀਜ਼./ਐਸ.ਐਸ.ਪੀਜ਼. ਨੂੰ ਜ਼ਿਲ੍ਹਾ ਮੈਜਿਸਟਰੇਟਾਂ ਨਾਲ ਰੋਜ਼ਾਨਾ ਮੀਟਿੰਗਾਂ ਕਰਨ ਦੇ ਨਾਲ-ਨਾਲ ਐਸ.ਐਚ.ਓਜ਼. ਨੂੰ ਆਪਣੇ ਅਧਿਕਾਰ ਖੇਤਰਾਂ ਵਿੱਚ ਨਿੱਜੀ ਤੌਰ 'ਤੇ ਗਸ਼ਤ ਕਰਨ ਅਤੇ ਇਸ ਨੂੰ ਰੋਕਣ ਲਈ ਲੋੜੀਂਦੇ ਕਦਮ ਚੁੱਕਣਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਸਾਰੇ ਸੀ.ਪੀਜ਼./ਐਸ.ਐਸ.ਪੀਜ਼. ਨੂੰ ਜ਼ਿਲ੍ਹਿਆਂ ਨੂੰ ਸੈਕਟਰਾਂ ਵਿੱਚ ਵੰਡਣ ਅਤੇ ਸੈਕਟਰ ਦੇ ਇੰਚਾਰਜ ਵਜੋਂ ਗਜ਼ਟਿਡ ਅਫ਼ਸਰ ਤਾਇਨਾਤ ਕਰਨ ਦੇ ਨਿਰਦੇਸ਼ ਵੀ ਦਿੱਤੇ।

ਜ਼ਿਕਰਯੋਗ ਹੈ ਕਿ ਪਰਾਲੀ ਸਾੜਨ 'ਤੇ ਮੁਕੰਮਲ ਰੋਕ ਲਗਾਉਣਾ ਯਕੀਨੀ ਬਣਾਉਣ ਲਈ ਮਾਣਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਵਿਸ਼ੇਸ਼ ਡੀਜੀਪੀ (ਕਾਨੂੰਨ ਅਤੇ ਵਿਵਸਥਾ) ਪੰਜਾਬ ਅਰਪਿਤ ਸ਼ੁਕਲਾ ਨੂੰ ਪੁਲਿਸ ਨੋਡਲ ਅਫ਼ਸਰ ਵਜੋਂ ਨਿਯੁਕਤ ਕੀਤਾ ਹੈ ਜੋ ਪਰਾਲੀ ਸਾੜਨ ਵਿਰੁੱਧ ਲੋੜੀਂਦੀ ਕਾਰਵਾਈ ਲਈ ਉਹਨਾਂ ਦੀ ਨਿਗਰਾਨੀ ਹੇਠ ਕੰਮ ਕਰਨਗੇ। ਦੱਸਣਯੋਗ ਹੈ ਕਿ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਨੋਡਲ ਅਫ਼ਸਰ ਢੁਕਵੇਂ ਨਿਰਦੇਸ਼ ਜਾਰੀ ਕਰਨ ਦੇ ਨਾਲ-ਨਾਲ ਮੀਟਿੰਗਾਂ ਤੇ ਟੂਰਾਂ ਦਾ ਆਯੋਜਨ ਅਤੇ ਸਬੰਧਤ ਜਾਣਕਾਰੀ ਇਕੱਠੀ ਕਰਕੇ ਡੀਜੀਪੀ ਪੰਜਾਬ ਅਤੇ ਮੁੱਖ ਸਕੱਤਰ ਨੂੰ ਦੇਵੇਗਾ ਤਾਂ ਜੋ ਮਾਣਯੋਗ ਸੁਪਰੀਮ ਕੋਰਟ ਦੀਆਂ ਪਰਾਲੀ ਸਾੜਨ ਦੀਆ ਘਟਨਾਵਾਂ 'ਤੇ ਰੋਕ ਸਬੰਧੀ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਪੁਲਿਸ ਦੁਆਰਾ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਨਿਗਰਾਨੀ ਕੀਤੀ ਜਾ ਸਕੇ।


ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪਰਾਲੀ ਸਾੜਨ ਨੂੰ ਰੋਕਣ ਲਈ ਸਿਵਲ ਪ੍ਰਸ਼ਾਸਨ ਅਤੇ ਸਥਾਨਕ ਜ਼ਿਲ੍ਹਾ ਪੁਲਿਸ ਮਿਲ ਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਫਾਇਰ ਟੈਂਡਰਾਂ ਦੀ ਤਾਇਨਾਤੀ ਲਈ ਫਾਇਰ ਵਿਭਾਗ ਨਾਲ ਤਾਲਮੇਲ ਰੱਖਿਆ ਜਾ ਰਿਹਾ ਹੈ।

ਪੁਲਿਸ ਬੁਲਾਰੇ ਨੇ ਇਹ ਵੀ ਕਿਹਾ ਕਿ ਜ਼ਿਲ੍ਹਾ ਪੁਲਿਸ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਕਿਸਾਨਾਂ, ਨਾਗਰਿਕਾਂ ਅਤੇ ਵੱਖ-ਵੱਖ ਭਾਈਵਾਲਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਸ਼ਾਮਲ ਕਰਨ। ਦੱਸਣਯੋਗ ਹੈ ਕਿ ਪਰਾਲੀ ਸਾੜਨਾ ਕਾਨੂੰਨੀ ਉਲੰਘਣਾ ਵੀ ਹੈ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾ ਸਕਦੀ ਹੈ।













ASIAN FOOD CENTRE
Diwali SALE
WE HAVE LARGE QUANTITY OF DIYA
www.AsianFoodCentre.com
27TH OCT TO 13TH NOV 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$13.99 SHER MULTIGRAIN ATTA
$12.99 QUALITY WHOLE WHEAT ATTA
$11.99 817 BASMATI RICE
$5.99 SHER BESAN
$12.99 MEERA BESAN
$2.49 SAFFRON
$1.99 SURATI SNACKS
$6.99 GURU JI BADAM & KESHARIA THANDAI SYRUP
$4.29 KHALSA PANEER
$4.99 TEZ MUSTARD OIL
$24.99 NANAK DESI GHEE
$24.99 VERKA DESI GHEE
$1.49 HALDIRAM ALOO BHUJIA, KHATTA MEETHA, TASTY NUTS, MOONG DAL
$4.99 ALMONDS
$2.99 BAMBINO VERMICELLI
$1.49 HALDIRAM BHELPURI
$3.29 DABUR MUSTARD OIL
$3.99 BRITANNIA CAKE RUSK
$3.99 BRITANNIA MASKA CHASKA
2 FOR $1 BRITANNIA NICE TIME
$4.29 HALDIRAM PANI PURI
$4.49 VIDYA PANI PURI
$2.49 HALDIRAM SOAN PAPDI
$10.99 VERKA BROWN SUGAR
$8.99 RED LABEL INDIA
$8.99 TEA INDIA
$9.99 WAGHBAKRI TEA
$8.99 TAPAL DANEDAR TEA
$2.49 POPULAR SAMOSA/SPRING ROLLS
$3.29 POPULAR PARATHA
$3.49 THAKAR MATAR KULCHA
$5.49 HALDIRAM FAMILY PACK NAAN
$1.49 SANTOSH NAAN
$6.99 TASTY FROZEN PEAS
$1.49 AASHIRVAAD PARATHA
$0.69 BRITANNIA GOOD DAY COOKIES
$2.79 RUBICON ASST. JUICE
$1.79 FROOTI
$7.99 SAVERA RASMALAI
$5.99 NANAK GULAB JAMUN
$7.99 APNA TASTE RASMALAI
$5.99 APNA TASTE GULAB JAMUN
$7.99 POPULAR PARATHA
$3.99 AAP KI PASANAD SOYA TIKKA CHAAP
$3.99 AAP KI PASANAD SOYA CHAAP
$5.99 SAVERA KHOA
$3.29 HALDIRAM KHARI BOONDI
WE HAVE LARGE QUANTITY OF DIYA & DIWALI ITEMS
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
MEAT SHOP AVAILABLE
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate OF EXCELLENCE THREE BEST RATED
SAFE, RELIABLE AND EFFICIENT SERVICE AT THE BEST RATES